ਜਗ ਬਾਣੀ

ਸ਼ਨੀਵਾਰ SATURDAY 4 FEB 2017

# ਬੇਲਾ ਕਾਲਜ ਵਿਖੇ ਸੈਮੀਨਾਰ ਕਰਵਾਇਆ

ਸ੍ਰੀ ਚਮਕੌਰ ਸਾਹਿਬ, 3 ਫਰਵਰੀ (ਕੌਸ਼ਲ)-ਅਮਰ ਸ਼ਹੀਦ ਬਾਬਾ ਅਜੀਤ ਸਿੰਘ ਬਾਬਾ ਜੁਝਾਰ ਸਿੰਘ ਮੈਮੋਰੀਅਲ ਕਾਲਜ ਬੇਲਾ ਵਿਖੇ ਗਣਿਤ ਵਿਭਾਗ ਵੱਲੋਂ ਇਕ ਸੈਮੀਨਾਰ ਕਰਵਾਇਆ ਗਿਆ।

ਇਸ ਮੌਕੇ ਡਾ. ਹਰਪ੍ਰੀਤ ਕੌਰ (ਪੰਜਾਬੀ ਵਿਭਾਗ) ਅਤੇ ਪ੍ਰੋ. ਮਮਤਾ ਅਰੋੜਾ (ਮੁਖੀ ਬਾਇਓਟੈੱਕ ਵਿਭਾਗ) ਨੇ ਸੰਬੋਧਨ ਕਰਦਿਆਂ ਕਿਹਾ ਕਿ ਔਰਤਾਂ ਅਤੇ ਮਰਦਾਂ ਦੀ ਬਰਾਬਰੀ ਹੋਣੀ ਚਾਹੀਦੀ ਹੈ। ਆਰਥਿਕ ਪੱਖੋਂ ਔਰਤ ਮਰਦ ਦੇ ਬਰਾਬਰ ਅੱਜ ਖੜ੍ਹੀ ਹੈ ਪਰ ਸਮਾਜਿਕ ਤੌਰ 'ਤੇ ਵੀ ਉਸ ਨੂੰ ਬਰਾਬਰੀ ਦਾ ਦਰਜਾ ਦਿੱਤਾ ਜਾਣਾ ਚਾਹੀਦਾ ਹੈ। ਪ੍ਰੋ. ਮਮਤਾ ਅਰੋੜਾ ਨੇ ਔਰਤਾਂ ਅਤੇ ਮਰਦਾਂ ਦੀ ਅਸਮਾਨਤਾ ਬਾਰੇ ਤੱਥਾਂ ਸਮੇਤ ਦੱਸਿਆ ਕਿ ਕਿਵੇਂ ਇਕ ਔਰਤ ਦੇ ਜਨਮ ਤੋਂ ਲੈ ਕੇ ਮਰਨ ਤੱਕ ਉਸ ਨਾਲ ਭੇਦਭਾਵ ਕੀਤਾ ਜਾਂਦਾ ਹੈ। ਉਸ ਨੂੰ ਮਾਨਸਿਕ ਤੌਰ 'ਤੇ ਵੀ ਇਸ ਢੰਗ ਨਾਲ ਤਿਆਰ ਕੀਤਾ ਜਾਂਦਾ ਹੈ ਕਿ ਉਹ ਇਕ ਔਰਤ ਹੈ ਤੇ ਉਸ ਨੂੰ ਜ਼ਿੰਦਗੀ ਦੇ ਹਰ ਮੋੜ 'ਤੇ ਸਮਝੌਤਾ ਕਰਨਾ ਪੈਂਦਾ ਹੈ। ਡਾ. ਹਰਪ੍ਰੀਤ ਕੌਰ ਨੇ ਪ੍ਰਾਚੀਨ, ਮੱਧ ਅਤੇ ਆਧੁਨਿਕ ਯੁੱਗ ਵਿਚ ਔਰਤ ਦੀ ਸਥਿਤੀ ਬਾਰੇ ਦੱਸਿਆ। ਇਸ ਅਸਮਾਨਤਾ ਨੂੰ ਕਿਵੇਂ ਖਤਮ ਕੀਤਾ ਜਾ ਸਕਦਾ ਹੈ ਜਿਸ ਵਿਚ ਵਿਦਿਆਰਥੀਆਂ ਨੇ ਵੀ ਵਧ-ਚੜ੍ਹ ਕੇ ਹਿੱਸਾ ਲਿਆ। ਇਸ ਗੱਲ 'ਤੇ ਵੀ ਰੌਸ਼ਨੀ ਪਾਈ ਗਈ ਕਿ ਘਰ ਦੇ ਮੁੰਡੇ ਨੂੰ ਵੀ ਔਰਤਾਂ ਦੀ ਇੱਜ਼ਤ-ਮਾਣ ਕਰਨ ਬਾਰੇ ਸਿੱਖਿਆ ਦੇਣੀ ਚਾਹੀਦੀ ਹੈ।



(ਕੌਸ਼ਲ)

ਸੰਬੋਧਨ ਕਰਦੇ ਹੋਏ ਮੈਡਮ ਮਮਤਾ ਅਰੋੜਾ।